ਰਾਮਕਲੀ ਮਹਲਾ ੫ ॥ ਤਾਗਾ ਕਰਿ ਕੈ ਲਾਈ ਥਿਗਲੀ ॥ ਲਉ ਨਾੜੀ ਸੂਆ ਹੈ ਅਸਤੀ ॥ ਅੰਭੈ ਕਾ ਕਰਿ ਡੰਡਾ ਧਰਿਆ ॥ ਕਿਆ ਤੂ ਜੋਗੀ ਗਰਬਹਿ ਪਰਿਆ ॥੧॥ ਜਪਿ ਨਾਥੁ ਦਿਨੁ ਰੈਨਾਈ ॥ ਤੇਰੀ ਖਿੰਥਾ ਦੋ ਦਿਹਾਈ ॥੧॥ ਰਹਾਉ ॥ ਗਹਰੀ ਬਿਭੂਤ ਲਾਇ ਬੈਠਾ ਤਾੜੀ ॥ ਮੇਰੀ ਤੇਰੀ ਮੁੰਦ੍ਰਾ ਧਾਰੀ ॥ ਮਾਗਹਿ ਟੂਕਾ ਤ੍ਰਿਪਤਿ ਨ ਪਾਵੈ ॥ ਨਾਥੁ ਛੋਡਿ ਜਾਚਹਿ ਲਾਜ ਨਆਵੈ ॥੨॥ ਚਲ ਚਿਤ ਜੋਗੀ ਆਸਣੁ ਤੇਰਾ ॥ ਸਿੰਙੀ ਵਾਜੈ ਨਿਤ ਉਦਾਸੇਰਾ ॥ ਗੁਰ ਗੋਰਖ ਕੀ ਤੈ ਬੂਝ ਨ ਪਾਈ ॥ ਫਿਰਿ ਫਿਰਿ ਜੋਗੀ ਆਵੈ ਜਾਈ ॥੩॥ ਜਿਸ ਨੋ ਹੋਆ ਨਾਥੁ ਕ੍ਰਿਪਾਲਾ ॥ ਰਹਰਾਸਿ ਹਮਾਰੀ ਗੁਰ ਗੋਪਾਲਾ ॥ ਨਾਮੈ ਖਿੰਥਾ ਨਾਮੈ ਬਸਤਰੁ ॥ ਜਨ ਨਾਨਕ ਜੋਗੀ ਹੋਆ ਅਸਥਿਰੁ ॥ ੪॥ ਇਉ ਜਪਿਆ ਨਾਥੁ ਦਿਨੁ ਰੈਨਾਈ ॥ ਹੁਣਿ ਪਾਇਆ ਗੁਰੁ ਗੋਸਾਈ ॥੧॥ ਰਹਾਉ ਦੂਜਾ ॥੨॥੧੩॥ {ਪੰਨਾ 886}

ਪਦਅਰਥ:- ਤਾਗਾ—ਧਾਗਾ (ਨਾੜੀਆਂ)। ਕਰਿ ਕੈ—ਬਣਾ ਕੇ। ਥਿਗਲੀ—ਟਾਕੀ (ਸਰੀਰ ਦੇ ਵਖ ਵਖ ਅੰਗ)। ਲਉ—ਨਗੰਦੇ, ਤਰੋਪੇ। ਸੂਆ—ਸੂਈ। ਅਸਤੀ—ਹੱਡੀ। ਅੰਭੈ ਕਾ—ਪਾਣੀ ਦਾ (ਰਕਤ ਬੂੰਦ ਦਾ)। ਡੰਡਾ—(ਭਾਵ) ਸਰੀਰ। ਗਰਬਹਿ—ਅਹੰਕਾਰ ਵਿਚ।1।

ਨਾਥੁ—(ਸਾਰੇ ਸੰਸਾਰ ਦਾ) ਖਸਮ। ਰੈਨਾਈ—ਰਾਤ। ਖਿੰਥਾ—ਗੋਦੜੀ (ਸਰੀਰ)। ਦੋ ਦਿਹਾਈ—ਦੋ ਦਿਨ ਕਾਇਮ ਰਹਿਣ ਵਾਲੀ, ਨਾਸਵੰਤ।1। ਰਹਾਉ।

ਗਹਰੀ—ਸੰਘਣੀ। ਬਿਭੂਤ—ਸੁਆਹ। ਲਾਇ—ਲਾ ਕੇ। ਮੇਰੀ ਤੇਰੀ—ਮੇਰ-ਤੇਰ ਵਿਚ। ਮਾਗਹਿ—ਤੂੰ ਮੰਗਦਾ ਹੈਂ। ਟੂਕਾ—ਟੁੱਕਰ, ਰੋਟੀਆਂ। ਤ੍ਰਿਪਤਿ—ਰਜੇਵਾਂ। ਛੋਡਿ—ਛੱਡ ਕੇ। ਜਾਚਹਿ—ਤੂੰ ਮੰਗਦਾ ਹੈਂ। ਲਾਜ—ਸ਼ਰਮ।2।

ਚਲਚਿਤ ਜੋਗੀ—ਹੇ ਡੋਲਦੇ ਮਨ ਵਾਲੇ ਜੋਗੀ! ਵਾਜੈ—ਵੱਜ ਰਹੀ ਹੈ। ਉਦਾਸੇਰਾ—ਉਪਰਾਮ, ਭਟਕਦਾ। ਗੋਰਖ—ਗੋਪਾਲ {ਗੋ—ਧਰਤੀ। ਰਖ—ਰੱਖਿਆ ਕਰਨ ਵਾਲਾ}। ਤੈ—ਤੂੰ, ਤੈਂ। ਬੂਝ—ਸੋਝੀ। ਫਿਰਿ—ਮੁੜ ਮੁੜ।3।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਰਹਰਾਸਿ—ਅਰਦਾਸ, ਅਰਜ਼ੋਈ। ਗੁਰ—ਹੇ ਸਭ ਤੋਂ ਵੱਡੇ! ਗੋਪਾਲਾ—ਹੇ ਸ੍ਰਿਸ਼ਟੀ ਦੇ ਰੱਖਿਅਕ! ਨਾਮੈ—(ਤੇਰਾ) ਨਾਮ ਹੀ। ਖਿੰਥਾ—ਗੋਦੜੀ। ਅਸਥਿਰੁ—ਅਡੋਲ।4।

ਇਉ—ਇਉਂ, ਇਸ ਤਰ੍ਹਾਂ। ਹੁਣਿ—ਇਸੇ ਜਨਮ ਵਿਚ। ਰਹਾਉ ਦੂਜਾ।

ਨੋਟ:- ਪਹਿਲੇ 'ਰਹਾਉ' ਦੇ ਲਫ਼ਜ਼ਾਂ 'ਜਪਿ ਨਾਥੁ' ਦੀ ਵਿਆਖਿਆ ਅਗਲੇ ਸਾਰੇ ਬੰਦਾਂ ਵਿਚ ਕਰ ਕੇ 'ਦੂਜੇ ਰਹਾਉ' ਵਿਚ ਆਖਦੇ ਹਨ 'ਇਉ ਜਪਿਆ'।

ਅਰਥ:- ਹੇ ਜੋਗੀ! ਤੇਰਾ ਇਹ ਸਰੀਰ ਦੋ ਦਿਨਾਂ ਦਾ ਹੀ ਪਰਾਹੁਣਾ ਹੈ। ਦਿਨ ਰਾਤ (ਜਗਤ ਦੇ) ਨਾਥ-ਪ੍ਰਭੂ ਦਾ ਨਾਮ ਜਪਿਆ ਕਰ।1। ਰਹਾਉ।

(ਹੇ ਜੋਗੀ! ਉਸ ਜਗਤ-ਨਾਥ ਨੇ ਨਾੜੀਆਂ ਨੂੰ) ਧਾਗਾ ਬਣਾ ਕੇ (ਸਾਰੇ ਸਰੀਰਕ ਅੰਗਾਂ ਦੀਆਂ) ਟਾਕੀਆਂ ਜੋੜ ਦਿੱਤੀਆਂ ਹਨ। (ਇਸ ਸਰੀਰ-ਗੋਦੜੀ ਦੀਆਂ) ਨਾੜੀਆਂ ਤਰੋਪਿਆਂ ਦਾ ਕੰਮ ਕਰ ਰਹੀਆਂ ਹਨ, (ਅਤੇ ਸਰੀਰ ਦੀ ਹਰੇਕ) ਹੱਡੀ ਸੂਈ ਦਾ ਕੰਮ ਕਰਦੀ ਹੈ। (ਉਸ ਨਾਥ ਨੇ ਮਾਤਾ ਪਿਤਾ ਦੀ) ਰਕਤ-ਬੂੰਦ ਨਾਲ (ਸਰੀਰ-) ਡੰਡਾ ਖੜਾ ਕਰ ਦਿੱਤਾ ਹੈ। ਹੇ ਜੋਗੀ! ਤੂੰ (ਆਪਣੀ ਗੋਦੜੀ ਦਾ) ਕੀਹ ਪਿਆ ਮਾਣ ਕਰਦਾ ਹੈਂ?।1।

(ਹੇ ਜੋਗੀ! ਆਪਣੇ ਸਰੀਰ ਉੱਤੇ) ਸੰਘਣੀ ਸੁਆਹ ਮਲ ਕੇ ਤੂੰ ਸਮਾਧੀ ਲਾ ਕੇ ਬੈਠਾ ਹੋਇਆ ਹੈਂ, ਤੂੰ (ਕੰਨਾਂ ਵਿਚ) ਮੁੰਦ੍ਰਾਂ (ਭੀ) ਪਾਈਆਂ ਹੋਈਆਂ ਹਨ (ਪਰ ਤੇਰੇ ਅੰਦਰ) ਮੇਰ-ਤੇਰ ਵੱਸ ਰਹੀ ਹੈ। ਹੇ ਜੋਗੀ! ਘਰ ਘਰ ਤੋਂ ਤੂੰ ਟੁੱਕਰ

ਮੰਗਦਾ ਫਿਰਦਾ ਹੈਂ, ਤੇਰੇ ਅੰਦਰ ਸ਼ਾਂਤੀ ਨਹੀਂ ਹੈ। (ਸਾਰੇ ਜਗਤ ਦੇ) ਨਾਥ ਨੂੰ ਛੱਡ ਕੇ ਤੂੰ (ਲੋਕਾਂ ਦੇ ਦਰ ਤੋਂ) ਮੰਗਦਾ ਹੈਂ। ਹੇ ਜੋਗੀ! ਤੈਨੂੰ (ਇਸ ਦੀ) ਸ਼ਰਮ ਨਹੀਂ ਆ ਰਹੀ।2।

ਹੇ ਡੋਲਦੇ ਮਨ ਵਾਲੇ ਜੋਗੀ! ਤੇਰਾ ਆਸਣ (ਜਮਾਣਾ ਕਿਸੇ ਅਰਥ ਨਹੀਂ)। (ਲੋਕਾਂ ਨੂੰ ਵਿਖਾਣ ਲਈ ਤੇਰੀ) ਸਿੰਙੀ ਵੱਜ ਰਹੀ ਹੈ, ਪਰ ਤੇਰਾ ਮਨ ਸਦਾ ਭਟਕਦਾ ਫਿਰਦਾ ਹੈ (ਇਹ ਸਿੰਙੀ ਤਾਂ ਇਕਾਗ੍ਰਤਾ ਦੀ ਖ਼ਾਤਰ ਸੀ)। ਹੇ ਜੋਗੀ! (ਇਸ ਤਰ੍ਹਾਂ) ਉਸ ਸਭ ਤੋਂ ਵੱਡੇ ਗੋਰਖ (ਜਗਤ-ਰੱਖਿਅਕ ਪ੍ਰਭੂ) ਦੀ ਤੈਨੂੰ ਸੋਝੀ ਨਹੀਂ ਪਈ। (ਇਹੋ ਜਿਹਾ) ਜੋਗੀ ਤਾਂ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।3।

ਹੇ ਜੋਗੀ! ਜਿਸ ਮਨੁੱਖ ਉੱਤੇ (ਸਾਰੇ ਜਗਤ ਦਾ) ਨਾਥ ਦਇਆਵਾਨ ਹੁੰਦਾ ਹੈ (ਉਹ ਮਨੁੱਖ ਪਰਮਾਤਮਾ ਅੱਗੇ ਹੀ ਬੇਨਤੀ ਕਰਦਾ ਹੈ, ਤੇ ਆਖਦਾ ਹੈ—) ਹੇ ਗੁਰ ਗੋਪਾਲ! ਸਾਡੀ ਅਰਜ਼ੋਈ ਤੇਰੇ ਦਰ ਤੇ ਹੀ ਹੈ। ਤੇਰਾ ਨਾਮ ਹੀ ਮੇਰੀ ਗੋਦੜੀ ਹੈ, ਤੇਰਾ ਨਾਮ ਹੀ ਮੇਰਾ (ਭਗਵਾ) ਕੱਪੜਾ ਹੈ। ਹੇ ਦਾਸ ਨਾਨਕ! (ਇਹੋ ਜਿਹਾ ਮਨੁੱਖ ਅਸਲ) ਜੋਗੀ ਹੈ, ਅਤੇ ਉਹ ਕਦੇ ਡੋਲਦਾ ਨਹੀਂ ਹੈ।4।

ਹੇ ਜੋਗੀ! ਜਿਸ ਮਨੁੱਖ ਨੇ ਦਿਨ ਰਾਤ ਇਸ ਤਰ੍ਹਾਂ (ਜਗਤ ਦੇ) ਨਾਥ ਨੂੰ ਸਿਮਰਿਆ ਹੈ, ਉਸ ਨੇ ਇਸੇ ਜਨਮ ਵਿਚ ਉਸ ਸਭ ਤੋਂ ਵੱਡੇ ਜਗਤ-ਨਾਥ ਦਾ ਮਿਲਾਪ ਹਾਸਲ ਕਰ ਲਿਆ ਹੈ।1। ਰਹਾਉ ਦੂਜਾ।2।13।